# ਖਾਲਸਾ ਕਾਲਜ ਵਿਖੇ ਇੱਕ ਰੋਜ਼ਾ ਵਰਕਸ਼ਾਪ ਦਾ ਕੀਤਾ ਗਿਆ ਆਯੋਜਨ




ਪ੍ਰਾਈਮ ਉਦੇ

ਸ੍ਰੀ ਆਨੰਦਪੁਰ ਸਾਹਿਬ, 23 ਜਨਵਰੀ (ਜੋਗਿੰਦਰ ਰਾਣਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ ਆਈ ਟੀ ਰੋਪੜ ਦੇ ਸਹਿਯੋਗ ਦੇ ਨਾਲ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਦਾ ਵਿਸ਼ਾ ਸਵੈ ਰੁਜਗਾਰ ਸਕੀਮ ਨੂੰ ਬੜਾਵਾ ਦੇਣਾ ਸੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਆਏ ਹੋਏ ਮੁੱਖ ਬੁਲਾਰਿਆਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਖਾਲਸਾ ਕਾਲਜ ਸਮੇਂ ਸਮੇਂ ਸਿਰ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਕਾਮਯਾਬ ਹੋਣ ਲਈ ਅਜਿਹੇ ਪ੍ਰੋਗਰਾਮ ਕਰਵਾਉਂਦਾ ਰਹਿੰਦਾ ਹੈ। ਜਿਸ ਦਾ ਨਤੀਜਾ ਇਹ ਹੈ ਕਿ ਅੱਜ ਖਾਲਸਾ ਕਾਲਜ ਵਿੱਚ ਪੜ੍ਹ ਚੁੱਕੇ ਵਿਦਿਆਰਥੀ ਸਮਾਜ ਵਿੱਚ ਉੱਚ ਅਹੁਦਿਆਂ ਉੱਤੇ ਕਾਰਜ ਕਰ ਰਹੇ ਹਨ। ਇਸ ਪ੍ਰੋਗਰਾਮ ਵਿੱਚ ਵੱਖ ਵੱਖ ਕਾਲਜਾਂ ਤੋਂ ਆਈਆਂ ਤਕਰੀਬਨ 300 ਦੇ ਕਰੀਬ ਲੜਕੀਆਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਮੁੱਖ ਮੰਤਵ ਮਹਿਲਾਵਾਂ ਨੂੰ ਆਪਣੇ ਸਵੈ ਰੁਜਗਾਰ ਪ੍ਰਤੀ ਜਾਗਰੂਕ ਕਰਨ ਸੀ। ਇਸ ਪ੍ਰੋਗਰਾਮ ਵਿੱਚ ਆਏ ਹੋਏ ਬੁਲਾਰਿਆਂ ਵੱਲੋਂ ਵਿਦਿਆਰਥਣਾਂ ਨੂੰ ਦੱਸਿਆ ਗਿਆ ਕਿ ਉਹ ਸਵੈ ਰੁਜ਼ਗਾਰ ਕਿਵੇਂ ਸ਼ੁਰੂ ਕਰ ਸਕਦੀਆਂ ਹਨ। ਇਸ ਪ੍ਰੋਗਰਾਮ ਵਿੱਚ ਡਾ. ਗੁਰਸ਼ਗੁਨ ਕੰਦੋਲਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਉਹਨਾ ਨੇ ਸਵੈ ਰੁਜਗਾਰ ਬਾਰੇ ਵਿਸ਼ੇਸ਼ ਜਾਣਕਾਰੀ ਵਿਦਿਆਰਥਣਾਂ ਨਾਲ ਸਾਂਝੀ ਕੀਤੀ। ਇਸ ਦੇ ਨਾਲ ਹੀ ਡਾ. ਜੇ ਕੇ ਸ਼ਰਮਾ ਨੇ ਦੱਸਿਆ ਕਿ ਆਈ ਆਈ ਸੀ ਵੱਡੇ ਉਪਰਾਲੇ ਕਰ ਰਹੀ ਹੈ। ਉਨਾਂ ਨੇ ਵਿਦਿਆਰਥਣਾਂ ਨੂੰ ਨਵੇਂ ਵਿਚਾਰ ਪ੍ਰਗਟਾਉਣ ਅਤੇ ਉਸ ਉੱਤੇ ਸਟਾਰਟ ਅਪ ਆਈਡੀਆ ਬਣਾ ਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਵਿੱਚ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ ਆਈ ਟੀ ਰੋਪੜ ਵੱਲੋਂ ਆਏ ਡਾ. ਰਾਧਿਕਾ ਤਰੀਖਾ,ਸ਼ਕਤੀ ਕੌਰ ਅਤੇ ਡਾ. ਅਮਰਪਾਲ ਸਿੰਘ ਨੇ ਵਿਦਿਆਰਥਣਾਂ ਨਾਲ ਸਟਾਰਟਅਪ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਦਿਵਿਆ ਸ਼ਰਮਾ ਨੇ ਸ਼ਿਰਕਤ ਕੀਤੀ। ਦੱਸਣ ਯੋਗ ਹੈ ਕਿ ਇਹਨਾਂ ਨੂੰ ਰਾਸ਼ਟਰਪਤੀ ਦੁਆਰਾ ਸ੍ਰੇਸ਼ਟ ਦਵਿਆਂਗ ਪੁਰਸਕਾਰ 2023 ਪ੍ਰਾਪਤ ਹੈ। ਜਿਨਾਂ ਨੇ ਆਪਣੇ ਉਤਸ਼ਾਹ ਪੂਰਵਕ ਭਾਸ਼ਣ ਨਾਲ ਵਿਦਿਆਰਥਣਾਂ ਨੂੰ ਕੀਲ ਕੇ ਰੱਖਿਆ। ਜਿਹਨਾਂ ਨੂੰ ਕਿ ਅੱਖਾਂ ਤੋਂ ਚੰਗੀ ਤਰ੍ਹਾਂ ਨਹੀਂ ਦਿਖਾਈ ਦਿੰਦਾ, ਇਸੇ ਕਰਕੇ ਉਹਨਾਂ ਨੂੰ ਕਾਫੀ ਸਕੂਲ ਕਾਲਜਾਂ ਨੇ ਦਾਖਲਾ ਦੇਣ ਤੋਂ ਮਨਾ ਕਰ ਦਿੱਤਾ ਸੀ। ਪਰ ਉਹਨਾਂ ਦੀ ਹਿੰਮਤ ਕਾਰਨ ਅੱਜ ਉਹ ਸਮਾਜ ਵਿੱਚ ਵਿਸ਼ੇਸ਼ ਮੁਕਾਮ ਹਾਸਿਲ ਕਰ ਚੁੱਕੇ ਹਨ। ਇਸ ਮੌਕੇ ਆਈ.ਆਈ.ਸੀ ਕਨਵੀਨਰ ਡਾ. ਗੁਰਪ੍ਰੀਤ ਕੌਰ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕਾਲਜ ਦਾ ਸਮੁੱਚਾ ਸਟਾਫ ਅਤੇ ਵੱਡੀ ਗਿਣਤੀ ਵਿੱਚ ਐਨ ਐਸ ਐਸ ਵਲੰਟੀਅਰ ਲੜਕੀਆਂ ਹਾਜ਼ਰ ਸੀ।

Scanned with ACE Scanner

# ਖਾਲਸਾ ਕਾਲਜ ਵਿਖੇ ਇੱਕ ਰੋਜ਼ਾ ਵਰਕਸ਼ਾਪ ਦਾ ਕੀਤਾ ਗਿਆ ਆਯੋਜਨ




ਸ੍ਰੀ ਆਨੰਦਪੁਰ ਸਾਹਿਬ, 23 ਜਨਵਰੀ (ਜੋਗਿੰਦਰ ਰਾਣਾ) – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ ਆਈ ਟੀ ਰੋਪੜ ਦੇ ਸਹਿਯੋਗ ਦੇ ਨਾਲ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਦਾ ਵਿਸ਼ਾ ਸਵੈ ਰੁਜਗਾਰ ਸਕੀਮ ਨੂੰ ਬੜਾਵਾ ਦੇਣਾ ਸੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਆਏ ਹੋਏ ਮੁੱਖ ਬੁਲਾਰਿਆਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਖਾਲਸਾ ਕਾਲਜ ਸਮੇਂ ਸਮੇਂ ਸਿਰ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਕਾਮਯਾਬ ਹੋਣ ਲਈ ਅਜਿਹੇ ਪ੍ਰੋਗਰਾਮ ਕਰਵਾਉਂਦਾ ਰਹਿੰਦਾ ਹੈ। ਜਿਸ ਦਾ ਨਤੀਜਾ ਇਹ ਹੈ ਕਿ ਅੱਜ ਖਾਲਸਾ ਕਾਲਜ ਵਿੱਚ ਪੜ੍ਹ ਚੁੱਕੇ ਵਿਦਿਆਰਥੀ ਸਮਾਜ ਵਿੱਚ ਉੱਚ ਅਹੁਦਿਆਂ ਉੱਤੇ ਕਾਰਜ ਕਰ ਰਹੇ ਹਨ। ਇਸ ਪ੍ਰੋਗਰਾਮ ਵਿੱਚ ਵੱਖੋ ਵੱਖ ਕਾਲਜਾਂ ਤੋਂ ਆਈਆਂ ਤਕਰੀਬਨ 300 ਦੇ ਕਰੀਬ ਲੜਕੀਆਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਮੁੱਖ ਮੰਤਵ ਮਹਿਲਾਵਾਂ ਨੂੰ ਆਪਣੇ ਸਵੈ ਰੁਜਗਾਰ ਪ੍ਰਤੀ ਜਾਗਰੂਕ ਕਰਨ ਸੀ। ਇਸ ਪ੍ਰੋਗਰਾਮ ਵਿੱਚ ਆਏ ਹੋਏ ਬੁਲਾਰਿਆਂ ਵੱਲੋਂ ਵਿਦਿਆਰਥਣਾਂ ਨੂੰ ਦੱਸਿਆ ਗਿਆ ਕਿ ਉਹ ਸਵੈ ਰੁਜਗਾਰ ਕਿਵੇਂ ਸ਼ੁਰੂ ਕਰ ਸਕਦੀਆਂ ਹਨ। ਇਸ ਪ੍ਰੋਗਰਾਮ ਵਿੱਚ ਡਾ. ਗੁਰਸਗੁਨ ਕੰਦੋਲਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਉਹਨਾ ਨੇ ਸਵੈ ਰੁਜਗਾਰ ਬਾਰੇ ਵਿਸ਼ੇਸ਼ ਜਾਣਕਾਰੀ ਵਿਦਿਆਰਥਣਾਂ ਨਾਲ ਸਾਂਝੀ ਕੀਤੀ। ਇਸ ਦੇ ਨਾਲ ਹੀ ਡਾ. ਜੇ ਕੇ ਸ਼ਰਮਾ ਨੇ ਦੱਸਿਆ ਕਿ ਆਈ ਆਈ ਸੀ ਵੱਡੇ ਉਪਰਾਲੇ ਕਰ ਰਹੀ ਹੈ। ਉਨਾਂ ਨੇ ਵਿਦਿਆਰਥਣਾਂ ਨੂੰ ਨਵੇਂ ਵਿਚਾਰ ਪ੍ਰਗਟਾਉਣ ਅਤੇ ਉਸ ਉੱਤੇ ਸਟਾਰਟ ਅਪ ਆਈਡੀਆ ਬਣਾ ਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਵਿੱਚ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ ਆਈ ਟੀ ਰੋਪੜ ਵੱਲੋਂ ਆਏ ਡਾ. ਰਾਧਿਕਾ ਤਰੀਖਾ,ਸ਼ਕਤੀ ਕੌਰ ਅਤੇ ਡਾ. ਅਮਰਪਾਲ ਸਿੰਘ ਨੇ ਵਿਦਿਆਰਥਣਾਂ ਨਾਲ ਸਟਾਰਟਅਪ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਦਿਵਿਆ ਸ਼ਰਮਾ ਨੇ ਸ਼ਿਰਕਤ ਕੀਤੀ। ਦੱਸਣ ਯੋਗ ਹੈ ਕਿ ਇਹਨਾਂ ਨੂੰ ਰਾਸ਼ਟਰਪਤੀ ਦੁਆਰਾ ਸ੍ਰੇਸ਼ਟ ਦਵਿਆਂਗ ਪੁਰਸਕਾਰ 2023 ਪ੍ਰਾਪਤ ਹੈ। ਜਿਨਾਂ ਨੇ ਆਪਣੇ ਉਤਸਾਹ ਪੂਰਵਕ ਭਾਸ਼ਣ ਨਾਲ ਵਿਦਿਆਰਥਣਾਂ ਨੂੰ ਕੀਲ ਕੇ ਰੱਖਿਆ। ਜਿਹਨਾਂ ਨੂੰ ਕਿ ਅੱਖਾਂ ਤੋਂ ਚੰਗੀ ਤਰ੍ਹਾਂ ਨਹੀਂ ਦਿਖਾਈ ਦਿੰਦਾ, ਇਸੇ ਕਰਕੇ ਉਹਨਾਂ ਨੂੰ ਕਾਫੀ ਸਕੂਲ ਕਾਲਜਾਂ ਨੇ ਦਾਖਲਾ ਦੇਣ ਤੋਂ ਮਨਾ ਕਰ ਦਿੱਤਾ ਸੀ। ਪਰ ਉਹਨਾਂ ਦੀ ਹਿੰਮਤ ਕਾਰਨ ਅੱਜ ਉਹ ਸਮਾਜ ਵਿੱਚ ਵਿਸ਼ੇਸ਼ ਮੁਕਾਮ ਹਾਸਿਲ ਕਰ ਚੁੱਕੇ ਹਨ। ਇਸ ਮੌਕੇ ਆਈ.ਆਈ.ਸੀ ਕਨਵੀਨਰ ਡਾ. ਗੁਰਪ੍ਰੀਤ ਕੌਰ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕਾਲਜ ਦਾ ਸਮੁੱਚਾ ਸਟਾਫ ਅਤੇ ਵੱਡੀ ਗਿਣਤੀ ਵਿੱਚ ਐਨ ਐਸ ਐਸ ਵਲੰਟੀਅਰ ਲੜਕੀਆਂ ਹਾਜਰ ਸੀ।

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

Scanned with ACE Scanner




ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਵੈ ਰੁਜ਼ਗਾਰ ਸੰਬੰਧੀ ਲਗਾਈ ਵਰਕਸ਼ਾਪ 'ਚ ਪਹੁੰਚੇ ਮਾਹਿਰਾਂ ਨੂੰ ਸਨਮਾਨਿਤ ਕਰਦੇ ਪ੍ਰਿੰ: ਡਾ. ਜਸਵੀਰ ਸਿੰਘ ਅਤੇ ਹੋਰ।

# ਖ਼ਾਲਸਾ ਕਾਲਜ ਵਿਖੇ ਇੱਕ ਰੋਜ਼ਾ ਵਰਕਸ਼ਾਪ ਲਗਾਈ

ਸ੍ਰੀ ਅਨੰਦਪੁਰ ਸਾਹਿਬ, 23 ਜਨਵਰੀ (ਕਰਨੈਲ ਸਿੰਘ, ਜੇ.ਐਸ. ਨਿੱਕੂਵਾਲ)- ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਵਿਖੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ, ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ. ਆਈ. ਟੀ. ਰੋਪੜ ਦੇ ਸਹਿਯੋਗ ਦੇ ਨਾਲ ਇੱਕ ਰੋਜ਼ਾ ਵਰਕਸ਼ਾਪ ਲਗਾਈ ਗਈ। ਜਿਸ ਦਾ ਵਿਸ਼ਾ ਸਵੈ ਰੁਜ਼ਗਾਰ ਸਕੀਮ ਨੂੰ ਉਤਸ਼ਾਹਿਤ ਕਰਨਾ ਮੁੱਖ ਉਦੇਸ਼ ਸੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਆਏ ਹੋਏ ਮੁੱਖ ਬੁਲਾਰਿਆਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਖ਼ਾਲਸਾ ਕਾਲਜ ਸਮੇਂ-ਸਮੇਂ ਸਿਰ ਵਿਦਿਆਰਥੀਆਂ ਨੂੰ ਭਵਿੱਖ ਵਿਚ ਕਾਮਯਾਬ ਹੋਣ ਲਈ ਅਜਿਹੇ ਪ੍ਰੋਗਰਾਮ ਕਰਵਾਉਂਦਾ ਰਹਿੰਦਾ ਹੈ। ਇਸ ਪ੍ਰੋਗਰਾਮ ਵਿਚ ਵੱਖ-ਵੱਖ ਕਾਲਜਾਂ ਤੋਂ ਆਈਆਂ ਤਕਰੀਬਨ 300 ਦੇ ਕਰੀਬ ਲੜਕੀਆਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਮੁੱਖ ਮੰਤਵ ਮਹਿਲਾਵਾਂ ਨੂੰ ਆਪਣੇ ਸਵੈ ਰੁਜਗਾਰ ਪ੍ਰਤੀ ਜਾਗਰੂਕ ਕਰਨ ਸੀ। ਇਸ ਪ੍ਰੋਗਰਾਮ ਵਿਚ ਆਏ ਹੋਏ ਬੁਲਾਰਿਆਂ ਵਲੋਂ ਵਿਦਿਆਰਥਣਾਂ ਨੂੰ ਦੱਸਿਆ ਗਿਆ ਕਿ ਉਹ ਸਵੈ ਰੁਜ਼ਗਾਰ ਕਿਵੇਂ ਸ਼ੁਰੂ ਕਰ ਸਕਦੇ ਹਨ। ਪ੍ਰੋਗਰਾਮ 'ਚ ਡਾ. ਗੁਰਸ਼ਗੁਨ ਕੰਦੋਲਾ ਨੇ ਸਵੈ ਰੁਜਗਾਰ ਬਾਰੇ ਵਿਸ਼ੇਸ਼ ਜਾਣਕਾਰੀ ਵਿਦਿਆਰਥਣਾਂ ਨਾਲ ਸਾਂਝੀ ਕੀਤੀ। ਇਸ ਦੇ ਨਾਲ ਹੀ ਡਾ. ਜੇ.ਕੇ. ਸ਼ਰਮਾ ਨੇ ਦੱਸਿਆ ਕਿ ਆਈ.ਆਈ.ਸੀ. ਵੱਡੇ ਉਪਰਾਲੇ ਕਰ ਰਹੀ ਹੈ। ਉਨਾਂ ਨੇ ਵਿਦਿਆਰਥਣਾਂ ਨੂੰ ਨਵੇਂ ਵਿਚਾਰ ਪ੍ਰਗਟਾਉਣ ਅਤੇ ਉਸ ਉੱਤੇ ਸਟਾਰਟ ਅਪ ਆਈਡੀਆ ਬਣਾ ਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ 'ਚ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ ਸਟੇਟ ਕੌਂਸਲ ਫ਼ਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ ਆਈ ਟੀ ਰੂਪਨਗਰ ਵਲੋਂ ਆਏ ਡਾ. ਰਾਧਿਕਾ ਤਰੀਖਾ, ਸ਼ਕਤੀ ਕੌਰ ਅਤੇ ਡਾ. ਅਮਰਪਾਲ ਸਿੰਘ, ਦਿਵਿਆ ਸ਼ਰਮਾ ਨੇ ਵਿਦਿਆਰਥਣਾਂ ਨਾਲ ਸਟਾਰਟਅਪ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਆਈ.ਆਈ.ਸੀ ਕਨਵੀਨਰ ਡਾ. ਗੁਰਪ੍ਰੀਤ ਕੌਰ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕਾਲਜ ਦਾ ਸਮੁੱਚਾ ਸਟਾਫ਼ ਅਤੇ ਵੱਡੀ ਗਿਣਤੀ 'ਚ ਐਨ.ਐਸ.ਐਸ. ਵਲੰਟੀਅਰ ਲੜਕੀਆਂ ਹਾਜ਼ਰ ਸੀ।

Scanned with ACE Scanner

# ਖਾਲਸਾ ਕਾਲਜ ਵਿਖੇ ਇਕ ਰੋਜ਼ਾ ਵਰਕਸ਼ਾਪ ਆਯੋਜਿਤ



ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਲਾਈ ਗਈ ਇਕ ਰੋਜ਼ਾ ਵਰਕਸ਼ਾਪ ਦਾ ਦ੍ਰਿਸ਼। (ਦਲਜੀਤ)

ਸ੍ਰੀ ਅਨੰਦਪੁਰ ਸਾਹਿਬ, 23 ਜਨਵਰੀ (ਦਲਜੀਤ ਸਿੰਘ)- ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ; ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ. ਆਈ. ਟੀ. ਰੂਪਨਗਰ ਦੇ ਸਹਿਯੋਗ ਦੇ ਨਾਲ ਇਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਜਿਸ ਦਾ ਵਿਸ਼ਾ ਸਵੈ ਰੋਜ਼ਗਾਰ ਸਕੀਮ ਨੂੰ ਬੜਾਵਾ ਦੇਣਾ ਸੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਆਏ ਹੋਏ ਮੁੱਖ ਬੁਲਾਰਿਆਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਖਾਲਸਾ ਕਾਲਜ ਸਮੇਂ ਸਮੇਂ ਸਿਰ ਵਿਦਿਆਰਥੀਆਂ ਨੂੰ ਭਵਿੱਖ 'ਚ ਕਾਮਯਾਬ ਹੋਣ ਲਈ ਅਜਿਹੇ ਪ੍ਰੋਗਰਾਮ ਕਰਵਾਉਂਦਾ ਰਹਿੰਦਾ ਹੈ, ਜਿਸ ਦਾ ਨਤੀਜ਼ਾ ਇਹ ਹੈ ਕਿ ਅੱਜ ਖਾਲਸਾ ਕਾਲਜ 'ਚ ਪੜ੍ਹ ਚੁੱਕੇ ਵਿਦਿਆਰਥੀ ਸਮਾਜ 'ਚ ਉੱਚ ਅਹੁਦਿਆਂ 'ਤੇ ਕਾਰਜ ਕਰ ਰਹੇ ਹਨ।

ਇਸ ਪ੍ਰੋਗਰਾਮ 'ਚ ਵੱਖੋ-ਵੱਖ ਕਾਲਜ਼ਾਂ ਤੋਂ ਆਂਈਆਂ ਤਕਰੀਬਨ 300 ਦੇ ਕਰੀਬ ਲੜਕੀਆਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਮੁੱਖ ਮੰਤਵ ਮਹਿਲਾਂਵਾਂ ਨੂੰ ਆਪਣੇ ਸਵੈ-ਰੋਜ਼ਗਾਰ ਪ੍ਰਤੀ ਜਾਗਰੂਕ ਕਰਨ ਸੀ। ਪ੍ਰੋਗਰਾਮ 'ਚ ਆਏ ਹੋਏ ਬੁਲਾਰਿਆਂ ਵੱਲੋਂ ਵਿਦਿਆਰਥਣਾਂ ਨੂੰ ਦੱਸਿਆ ਗਿਆ ਕਿ ਉਹ ਸਵੈ ਰੋਜ਼ਗਾਰ ਕਿਵੇਂ ਸ਼ੁਰੂ ਕਰ ਸਕਦੀਆਂ ਹਨ। ਪ੍ਰੋਗਰਾਮ 'ਚ ਡਾ. ਗੁਰਸਗੁੰਨ ਕੰਦੋਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਨੇ ਸਵੈ ਰੋਜ਼ਗਾਰ ਬਾਰੇ ਵਿਸ਼ੇਸ਼ ਜਾਣਕਾਰੀ ਵਿਦਿਆਰਥਣਾਂ ਨਾਲ ਸਾਂਝੀ ਕੀਤੀ। ਇਸ ਦੇ ਨਾਲ ਹੀ ਡਾ. ਜੇ. ਕੇ. ਸ਼ਰਮਾ ਨੇ ਦੱਸਿਆ ਕਿ ਆਈ. ਆਈ. ਸੀ. ਵੱਡੇ ਉਪਰਾਲੇ ਕਰ ਰਹੀ ਹੈ।

ਪ੍ਰੋਗਰਾਮ 'ਚ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਆਈ. ਆਈ. ਟੀ. ਰੂਪਨਗਰ ਵੱਲੋਂ ਆਏ ਡਾ. ਰਾਧਿਕਾ ਤਰੀਖਾ, ਸ਼ਕਤੀ ਕੌਰ ਅਤੇ ਡਾ. ਅਮਰਪਾਲ ਸਿੰਘ ਨੇ ਵਿਦਿਆਰਥਣਾਂ ਨਾਲ ਸਟਾਰਟਅਪ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ 'ਚ ਵਿਸ਼ੇਸ਼ ਤੌਰ 'ਤੇ ਦਿਵਿਆ ਸ਼ਰਮਾ ਨੇ ਸ਼ਿਰਕਤ ਕੀਤੀ। ਇਸ ਮੌਕੇ ਆਈ. ਆਈ. ਸੀ. ਕਨਵੀਨਰ ਡਾ. ਗੁਰਪ੍ਰੀਤ ਕੌਰ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕਾਲਜ ਦਾ ਸਮੁੱਚਾ ਸਟਾਫ ਅਤੇ ਵੱਡੀ ਗਿਣਤੀ 'ਚ ਐੱਨ. ਐੱਸ. ਐੱਸ. ਵਲੰਟੀਅਰ ਲੜਕੀਆਂ ਹਾਜ਼ਰ ਸੀ।

Scanned with ACE Scanner